## ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਕਮ ਸਟੇਟ ਪ੍ਰੋਜੈਕਟ ਡਾਇਰੈਕਟਰ ਸਰਵ ਸਿੱਖਿਆ ਅਭਿਆਨ ਅਥਾਰਟੀ, ਪੰਜਾਬ।

ਪ.ਸ.ਸ.ਬ ਭਵਨ, ਈ-ਬਲਾਕ, ਪੰਜਵੀਂ ਮੰਜਿਲ, ਫੇਸ-8, ਅਜੀਤਗੜ੍ਹ (ਮੋਹਾਲੀ), ਪੰਜਾਬ।

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਐ.ਸਿ, ਸੈ.ਸਿ),
ਪੰਜਾਬ।

ਮੀਮੋ ਨੰ:-ਐਸ.ਐਸ.ਏ/ਆਰ.ਟੀ.ਈ/2014/5104
ਮਿਤੀ: ਮੋਹਾਲੀ 6.5.14

ਵਿਸ਼ਾ:- ਸਕੂਲ ਮਨੈਜਮੈਂਟ ਕਮੇਟੀਆਂ ਦਾ ਗਠਨ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਆਪ ਦਾ ਧਿਆਨ ਰਾਈਟ ਆਫ਼ ਚਿਲਡਰਨ ਟੂ ਫ਼ਰੀ ਐਂਡ ਕੰਪਲਸਰੀ ਐਜੂਕੇਸ਼ਨ ਐਕਟ, 2009 ਦੀ ਧਾਰਾ 21 ਅਤੇ ਪੰਜਾਬ ਰਾਈਟ ਆਫ਼ ਚਿਲਡਰਨ ਟੂ ਫ਼ਰੀ ਐਂਡ ਕੰਪਲਸਰੀ ਐਜੂਕੇਸ਼ਨ ਰੂਲਜ਼, 2011 ਦੇ ਨਿਯਮ 13 ਵੱਲ ਦਿਵਾਉਂਦੇ ਹੋਏ ਇਹ ਲਿਖਿਆ ਜਾਂਦਾ ਹੈ ਕਿ ਐਕਟ ਅਤੇ ਨਿਯਮਾਂ ਦੀ ਪਾਲਣਾ ਹਿੱਤ ਇਸ ਦਫਤਰ ਦੇ ਪੂਰਵ ਪੱਤਰ ਨੰ: ਡੀ.ਜੀ.ਐਸ.ਈ/ਆਰ.ਟੀ.ਈ/2011/94166, ਮਿਤੀ 13.12.2011 ਰਾਹੀ ਗੈਰ ਸਹਾਇਤਾ ਪ੍ਰਾਪਤ ਸਕੂਲਾਂ ਤੋ ਬਿਨ੍ਹਾਂ ਹਰ ਇੱਕ ਸਕੂਲ ਲਈ ਸਕੂਲ ਮਨੇਜਮੈਂਟ ਕਮੇਟੀਆਂ ਦੇ ਗਠਨ ਸਬੰਧੀ ਹਦਾਇਤਾ ਜਾਰੀ ਕੀਤੀਆ ਗਈਆਂ ਸਨ ਅਤੇ ਇਹਨਾਂ ਕਮੇਟੀਆਂ ਦਾ ਕਾਰਜਕਾਲ 2 ਸਾਲ ਨਿਰਧਾਰਿਤ ਕੀਤਾ ਗਿਆ ਸੀ। ਦੋ ਸਾਲਾਂ ਤੋ ਬਾਅਦ ਇਹਨਾਂ ਕਮੇਟੀਆਂ ਦਾ ਮੁੜ ਗਠਨ ਕੀਤਾ ਜਾਣਾ ਸੀ।

ਹੁਣ ਇਹਨਾਂ ਕਮੇਟੀਆਂ ਦਾ ਮੁੜ ਗਠਨ ਕੀਤਾ ਜਾਣਾ ਹੈ। ਸਕੂਲ ਮਨੇਜਮੈਂਟ ਕਮੇਟੀਆਂ ਦਾ ਕਾਰਜਕਾਲ ਪਹਿਲਾਂ ਵਾਂਗ 2 ਸਾਲ ਦਾ ਹੀ ਹੋਵੇਗਾ, ਜਿਸ ਪਿਛੋ ਇਹਨਾਂ ਕਮੇਟੀਆਂ ਦਾ ਮੁੜ ਗਠਨ ਕੀਤਾ ਜਾਵੇਗਾ। ਹਰ ਇੱਕ ਸਕੂਲ ਲਈ ਇੱਕ ਹੀ ਸਕੂਲ ਮਨੇਜਮੈਂਟ ਕਮੇਟੀ ਹੋਵੇਗੀ ਭਾਵੇਂ ਅਜਿਹਾ ਸਕੂਲ ਪ੍ਰਾਇਮਰੀ ਸਕੂਲ ਹੋਵੇ ਜਾਂ ਮਿਡਲ ਸਕੂਲ ਜਾਂ ਸੈਕੰਡਰੀ ਜਾਂ ਸੀਨੀਅਰ ਸੈਕੰਡਰੀ ਸਕੂਲ। ਸਾਰੇ ਸਕੂਲਾਂ ਵਿੱਚ ਗਠਿਤ ਕੀਤੀਆਂ ਜਾਣ ਵਾਲੀਆਂ ਸਕੂਲ ਮਨੇਜਮੈਂਟ ਕਮੇਟੀਆਂ ਵਿੱਚ ਇਕਸਾਰਤਾ ਰੱਖਣ ਦੇ ਲਈ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਸਕੂਲ ਮਨੇਜਮੈਂਟ ਕਮੇਟੀਆਂ ਦਾ ਗਠਨ ਹੇਠ ਲਿਖੇ ਅਨੁਸਾਰ ਕੀਤਾ ਜਾਵੇ :

(ੳ) ਸਕੂਲ ਮਨੇਜਮੈਂਟ ਕਮੇਟੀ ਦੇ ਮੈਂਬਰਾਂ ਦੀ ਕੁੱਲ ਗਿਣਤੀ 12 ਹੋਵੇਗੀ ਜਿਨ੍ਹਾਂ ਵਿੱਚ 9 ਮੈਂਬਰ (75%) ਸਕੂਲ ਦੇ ਬੱਚਿਆਂ ਦੇ ਮਾਪਿਆਂ ਜਾਂ ਸ੍ਰਪਰਸਤਾਂ ਵਿੱਚੋਂ ਲਏ ਜਾਣਗੇ ਜਿਨ੍ਹਾਂ ਵਿੱਚ ਘੱਟੋ-ਘੱਟ 5 ਇਸਤਰੀਆਂ ਹੋਣਗੀਆਂ। ਇਹ ਵੀ ਸੁਨਿਸਚਿਤ ਕੀਤਾ ਜਾਵੇਗਾ ਕਿ ਡਿਸਐਡਵਾਂਟਜਡ ਗਰੁਪ ਅਤੇ ਕਮਜ਼ੋਰ ਵਰਗ ਦੇ ਬੱਚਿਆਂ ਦੇ ਮਾਪਿਆਂ ਨੂੰ ਅਨੁਪਾਤਿਕ ਨੁਮਾਇੰਦਗੀ ਦਿੱਤੀ ਜਾਵੇਗੀ ;

(ਅ) ਇੱਕ ਮੈਂਬਰ ਸਥਾਨਕ ਅਥਾਰਟੀ ਦੇ ਚੁਣੇ ਹੋਏ ਮੈਂਬਰਾਂ ਵਿੱਚੋਂ ਲਿਆ ਜਾਵੇਗਾ ਜਿਸ ਬਾਰੇ ਫ਼ੈਸਲਾ ਸਥਾਨਕ ਅਥਾਰਟੀ ਵੱਲੋਂ ਕੀਤਾ ਜਾਵੇਗਾ ;

(ੲ) ਇੱਕ ਮੈਂਬਰ ਅਧਿਆਪਕਾ ਵਿੱਚੋ ਲਿਆ ਜਾਵੇਗਾ, ਜਿਸ ਬਾਰੇ ਫ਼ੈਸਲਾ ਅਧਿਆਪਕਾਂ ਵੱਲੋਂ ਕੀਤਾ ਜਾਵੇਗਾ;

(ਸ) ਬਾਕੀ ਇੱਕ ਮੈਂਬਰ ਸਥਾਨਕ ਵਿਦਿਅਕ ਮਾਹਰਾਂ ਜਾਂ ਸਕੂਲ ਦੇ ਵਿਦਿਆਰਥੀਆਂ ਵਿੱਚੋਂ ਲਿਆ ਜਾਵੇਗਾ, ਜਿਸ ਬਾਰੇ ਫ਼ੈਸਲਾ ਸਕੂਲ ਦੇ ਵਿਦਿਆਰਥੀਆਂ ਵੱਲੋਂ ਖੁਦ ਕੀਤਾ ਜਾਵੇਗਾ ; ਅਤੇ

(ਹ) ਸਕੂਲ ਦਾ ਹੈਡ ਟੀਚਰ ਜਾਂ ਜਿੱਥੇ ਸਕੂਲ ਦਾ ਹੈਡ ਟੀਚਰ ਨਹੀਂ ਹੈ, ਉਥੇ ਸਕੂਲ ਦਾ ਸਭ ਤੋਂ ਸੀਨੀਅਰ ਟੀਚਰ ਅਹੁਦੇ ਵਜੋਂ ਮੈਂਬਰ ਹੋਵੇਗਾ ਪ੍ਰੰਤੂ ਉਸ ਨੂੰ ਵੋਟ ਦਾ ਕੋਈ ਅਧਿਕਾਰ ਨਹੀਂ ਹੋਵੇਗਾ।

ਸਕੂਲ ਮਨੇਜਮੈਂਟ ਕਮੇਟੀ ਆਪਣਾ ਕਾਰਵਿਹਾਰ ਚਲਾਉਣ ਦੇ ਲਈ ਗੈਰ ਸਰਕਾਰੀ ਮੈਂਬਰਾਂ ਵਿੱਚੋਂ ਇੱਕ ਚੇਅਰਪਰਸਨ ਅਤੇ ਵਾਇਸ ਚੇਅਰਪਰਸਨ ਦੀ ਚੋਣ ਕਰੇਗੀ। ਸਕੂਲ ਦਾ ਹੈਡ ਟੀਚਰ ਜਾਂ ਜਿੱਥੇ ਸਕੂਲ ਦਾ ਹੈਡ ਟੀਚਰ ਨਹੀਂ ਹੈ, ਉਥੇ ਸਕੂਲ ਦਾ ਸਭ ਤੋਂ ਸੀਨੀਅਰ ਟੀਚਰ ਅਹੁਦੇ ਵਜੋਂ ਸਕੂਲ ਮਨੇਜਮੈਂਟ ਕਮੇਟੀ ਦਾ ਮੈਂਬਰ ਸਕੱਤਰ ਅਤੇ ਕਨਵੀਨਰ ਹੋਵੇਗਾ।

ਸਕੂਲ ਮਨੇਜਮੈਂਟ ਕਮੇਟੀ ਦਾ ਗਠਨ ਕਰਦੇ ਸਮੇਂ ਇਹ ਵੀ ਸੁਨਿਸਚਿਤ ਕੀਤਾ ਜਾਵੇ ਕਿ ਕਮੇਟੀ ਦੇ ਕੁੱਲ ਮੈਂਬਰਾਂ ਵਿੱਚ ਇਸਤਰੀਆਂ ਦੀ ਨੁਮਾਇੰਦਗੀ 50 ਪ੍ਰਤੀਸ਼ਤ ਤੋਂ ਘੱਟ ਨਹੀਂ ਹੋਵੇਗੀ।

ਪ੍ਰਮੁੱਖ ਸਕੱਤਰ ਸਕੂਲ ਸਿੱਖਿਆ,
ਪੰਜਾਬ।